**ਭੈਰਉ ਮਹਲਾ ੫ ॥ ਨਿਰਵੈਰ ਪੁਰਖ ਸਤਿਗੁਰ ਪ੍ਰਭ ਦਾਤੇ ॥ ਹਮ ਅਪਰਾਧੀ ਤੁਮ੍ਹ ਬਖਸਾਤੇ ॥ ਜਿਸੁ ਪਾਪੀ ਕਉ ਮਿਲੈ ਨ ਢੋਈ ॥ ਸਰਣਿ ਆਵੈ ਤਾਂ ਨਿਰਮਲੁ ਹੋਈ ॥੧॥ ਸੁਖੁ ਪਾਇਆ ਸਤਿਗੁਰੂ ਮਨਾਇ ॥ ਸਭ ਫਲ ਪਾਏ ਗੁਰੂ ਧਿਆਇ ॥੧॥ ਰਹਾਉ ॥ ਪਾਰਬ੍ਰਹਮ ਸਤਿਗੁਰ ਆਦੇਸੁ ॥ ਮਨੁ ਤਨੁ ਤੇਰਾ ਸਭੁ ਤੇਰਾ ਦੇਸੁ ॥ ਚੂਕਾ ਪੜਦਾ ਤਾਂ ਨਦਰੀ ਆਇਆ ॥ ਖਸਮੁ ਤੂਹੈ ਸਭਨਾ ਕੇ ਰਾਇਆ ॥੨॥ ਤਿਸੁ ਭਾਣਾ ਸੂਕੇ ਕਾਸਟ ਹਰਿਆ ॥ ਤਿਸੁ ਭਾਣਾ ਤਾਂ ਥਲ ਸਿਰਿ ਸਰਿਆ ॥ ਤਿਸੁ ਭਾਣਾ ਤਾਂ ਸਭਿ ਫਲ ਪਾਏ ॥ ਚਿੰਤ ਗਈ ਲਗਿ ਸਤਿਗੁਰ ਪਾਏ ॥੩॥ ਹਰਾਮਖੋਰ ਨਿਰਗੁਣ ਕਉ ਤੂਠਾ ॥ ਮਨੁ ਤਨੁ ਸੀਤਲੁ ਮਨਿ ਅੰਮ੍ਰਿਤੁ ਵੂਠਾ ॥ ਪਾਰਬ੍ਰਹਮ ਗੁਰ ਭਏ ਦਇਆਲਾ ॥ ਨਾਨਕ ਦਾਸ ਦੇਖਿ ਭਏ ਨਿਹਾਲਾ ॥੪॥੧੦॥੨੩॥** {ਪੰਨਾ 1141}

ਪਦਅਰਥ:- ਨਿਰਵੈਰ—ਹੇ ਕਿਸੇ ਨਾਲ ਵੈਰ ਨਾਹ ਰੱਖਣ ਵਾਲੇ! ਦਾਤੇ—ਹੇ ਦਾਤਾਰ! ਬਖਸਾਤੇ—ਬਖ਼ਸ਼ਣ ਵਾਲੇ। ਕਉ—ਨੂੰ। ਢੋਈ—ਆਸਰਾ। ਨਿਰਮਲੁ—ਪਵਿੱਤਰ।1।

ਮਨਾਇ—ਮਨਾ ਕੇ, ਪ੍ਰਸੰਨ ਕਰ ਕੇ। ਪਾਏ—ਹਾਸਲ ਕਰ ਲਏ।1। ਰਹਾਉ।

ਪਾਰਬ੍ਰਹਮ—ਹੇ ਪਾਰਬ੍ਰਹਮ! ਆਦੇਸੁ—ਨਮਸਕਾਰ। ਚੂਕਾ—ਮੁੱਕ ਗਿਆ। ਪੜਦਾ—ਮਾਇਆ ਦੇ ਮੋਹ ਵਾਲੀ ਵਿੱਥ। ਨਦਰੀ ਆਇਆ—ਦਿੱਸ ਪਿਆ। ਰਾਇਆ—ਹੇ ਪਾਤਿਸ਼ਾਹ!।2।

ਤਿਸੁ ਭਾਣਾ—ਉਸ (ਪ੍ਰਭੂ) ਨੂੰ ਚੰਗਾ ਲੱਗੇ। ਕਾਸਟ—ਕਾਠ, ਲੱਕੜ। ਥਲ ਸਿਰਿ—ਥਲ ਦੇ ਸਿਰ ਉੱਤੇ। ਸਰਿਆ—ਸਰ, ਸਰੋਵਰ। ਸਭਿ—ਸਾਰੇ। ਸਤਿਗੁਰ ਪਾਏ—ਗੁਰੂ ਦੀ ਚਰਨੀਂ।3।

ਹਰਾਮਖੋਰ—ਬਿਗਾਨਾ ਹੱਕ ਖਾਣ ਵਾਲਾ। ਤੂਠਾ—ਦਇਆਲ ਹੋ ਜਾਂਦਾ ਹੈ। ਸੀਤਲੁ—ਠੰਢਾ, ਸ਼ਾਂਤ। ਮਨਿ—ਮਨ ਵਿਚ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਵੂਠਾ—ਵੱਸ ਪਿਆ। ਦੇਖਿ—ਵੇਖ ਕੇ। ਨਿਹਾਲਾ—ਪ੍ਰਸੰਨ।4।

ਅਰਥ:- ਹੇ ਭਾਈ! ਗੁਰੂ ਨੂੰ ਹਿਰਦੇ ਵਿਚ ਵਸਾ ਕੇ (ਮਨੁੱਖ) ਸਾਰੇ (ਇੱਛਿਤ) ਫਲ ਹਾਸਲ ਕਰ ਲੈਂਦਾ ਹੈ। ਗੁਰੂ ਨੂੰ ਪ੍ਰਸੰਨ ਕਰ ਕੇ (ਮਨੁੱਖ) ਆਤਮਕ ਆਨੰਦ ਪ੍ਰਾਪਤ ਕਰ ਲੈਂਦਾ ਹੈ।1। ਰਹਾਉ।

ਹੇ ਕਿਸੇ ਨਾਲ ਵੈਰ ਨਾਹ ਰੱਖਣ ਵਾਲੇ ਗੁਰੂ ਪੁਰਖ! ਹੇ ਦਾਤਾਰ ਪ੍ਰਭੂ! ਅਸੀਂ (ਜੀਵ) ਭੁੱਲਾਂ ਕਰਨ ਵਾਲੇ ਹਾਂ, ਤੁਸੀ (ਸਾਡੀਆਂ) ਭੁੱਲਾਂ ਬਖ਼ਸ਼ਣ ਵਾਲੇ ਹੋ। ਹੇ ਸਤਿਗੁਰੂ! ਜਿਸ ਪਾਪੀ ਨੂੰ ਹੋਰ ਕਿਤੇ ਆਸਰਾ ਨਹੀਂ ਮਿਲਦਾ, ਜਦੋਂ ਉਹ ਤੇਰੀ ਸਰਨ ਆ ਜਾਂਦਾ ਹੈ, ਤਾਂ ਉਹ ਪਵਿੱਤਰ ਜੀਵਨ ਵਾਲਾ ਬਣ ਜਾਂਦਾ ਹੈ।1।

ਹੇ ਗੁਰੂ! ਹੇ ਪ੍ਰਭੂ! (ਤੈਨੂੰ ਮੇਰੀ) ਨਮਸਕਾਰ ਹੈ। (ਅਸਾਂ ਜੀਵਾਂ ਦਾ ਇਹ) ਮਨ (ਇਹ) ਤਨ ਤੇਰਾ ਹੀ ਦਿੱਤਾ ਹੋਇਆ ਹੈ (ਜੋ ਕੁਝ ਦਿੱਸ ਰਿਹਾ ਹੈ) ਸਾਰਾ ਤੇਰਾ ਹੀ ਦੇਸ ਹੈ (ਹਰ ਥਾਂ ਤੂੰ ਹੀ ਵੱਸ ਰਿਹਾ ਹੈਂ)। ਹੇ ਸਭ ਜੀਵਾਂ ਦੇ ਪਾਤਿਸ਼ਾਹ! ਤੂੰ (ਸਭ ਦਾ) ਖਸਮ ਹੈਂ। (ਜਦੋਂ ਕਿਸੇ ਜੀਵ ਦੇ ਅੰਦਰੋਂ ਮਾਇਆ ਦੇ ਮੋਹ ਦਾ) ਪਰਦਾ ਮੁੱਕ ਜਾਂਦਾ ਹੈ ਤਦੋਂ ਤੂੰ ਉਸ ਨੂੰ ਦਿੱਸ ਪੈਂਦਾ ਹੈਂ।2।

ਹੇ ਭਾਈ! ਜੇ ਉਸ ਪ੍ਰਭੂ ਨੂੰ ਚੰਗਾ ਲੱਗੇ ਤਾਂ ਸੁੱਕੇ ਕਾਠ ਹਰੇ ਹੋ ਜਾਂਦੇ ਹਨ, ਥਲ ਉੱਤੇ ਸਰੋਵਰ ਬਣ ਜਾਂਦਾ ਹੈ। ਜਦੋਂ ਕੋਈ ਮਨੁੱਖ ਉਸ ਪ੍ਰਭੂ ਨੂੰ ਚੰਗਾ ਲੱਗ ਪਏ, ਤਦੋਂ ਉਹ ਸਾਰੇ ਫਲ ਪ੍ਰਾਪਤ ਕਰ ਲੈਂਦਾ ਹੈ, ਗੁਰੂ ਦੀ ਚਰਨੀਂ ਲੱਗ ਕੇ (ਉਸ ਦੇ ਅੰਦਰੋਂ) ਚਿੰਤਾ ਦੂਰ ਹੋ ਜਾਂਦੀ ਹੈ।3।

ਹੇ ਭਾਈ! ਪਰਾਇਆ ਹੱਕ ਖਾਣ ਵਾਲੇ ਗੁਣ-ਹੀਨ ਮਨੁੱਖ ਉੱਤੇ ਭੀ ਜਦੋਂ ਪਰਮਾਤਮਾ ਦਇਆਵਾਨ ਹੋ ਜਾਂਦਾ ਹੈ, ਉਸ ਦਾ ਮਨ ਉਸ ਦਾ ਤਨ ਸ਼ਾਂਤ ਹੋ ਜਾਂਦਾ ਹੈ, ਉਸ ਦੇ ਮਨ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਆ ਵੱਸਦਾ ਹੈ। ਹੇ ਨਾਨਕ! ਜਿਨ੍ਹਾਂ ਸੇਵਕਾਂ ਉਤੇ ਗੁਰੂ ਪਰਮਾਤਮਾ ਦਇਆਲ ਹੁੰਦੇ ਹਨ ਉਹ ਦਰਸਨ ਕਰ ਕੇ ਨਿਹਾਲ ਹੋ ਜਾਂਦੇ ਹਨ।4।10। 23।